ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਮੋਗਾ

**ਆਉਣ ਵਾਲੇ ਬਰਸਾਤਾਂ ਦੇ ਸੀਜ਼ਨ ਦੌਰਾਨ ਸੰਭਾਵੀ ਹੜ੍ਹਾਂ ਦੀ ਸਥਿਤੀ ਨਾਲ ਨਿਪਟਣ ਲਈ ਅਧਿਕਾਰੀ ਅਗਾਊ ਲੋੜੀਂਦੇ ਪ੍ਰਬੰਧਾਂ ਨੂੰ ਯਕੀਨੀ ਬਣਾਉਣ-ਸੰਧੂ**

- **ਜ਼ਿਲ੍ਹਾ ਪੱਧਰ ਅਤੇ ਸਬ-ਡਵੀਜ਼ਨ ਪੱਧਰ 'ਤੇ ਹੜ੍ਹ ਕੰਟਰੋਲ ਰੂਮ ਸਥਾਪਿਤ ਕੀਤੇ ਜਾਣਗੇ**
- **ਡਰੇਨੇਜ਼ ਵਿਭਾਗ ਦੇ ਅਧਿਕਾਰੀਆਂ ਨੂੰ ਰੇਤ ਦੇ ਲੋੜੀਂਦੇ ਬੈਗਜ਼ ਦੇ ਪ੍ਰਬੰਧ ਕਰਨ ਦੀ ਕੀਤੀ ਹਦਾਇਤ**
- **ਸੰਭਾਵਿਤ ਹੜ੍ਹਾਂ ਦੀ ਸੁਰੱਖਿਆ ਸਬੰਧੀ ਅਧਿਕਾਰੀਆਂ ਦੀ ਮੀਟਿੰਗ ਦੀ ਕੀਤੀ ਪ੍ਰਧਾਨਗੀ**

ਮੋਗਾ 16 ਮਈ:

ਆਉਣ ਵਾਲੇ ਬਰਸਾਤਾਂ ਦੇ ਸੀਜ਼ਨ ਦੌਰਾਨ ਸੰਭਾਵੀ ਹੜ੍ਹਾਂ ਦੀ ਸਥਿਤੀ ਨਾਲ ਨਿਪਟਣ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀ ਅਗਾਊ ਲੋੜੀਂਦੇ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਤਾਂ ਜੋ ਹੜ੍ਹ ਆਉਣ ਦੀ ਸੂਰਤ 'ਚ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਇਹ ਹਦਾਇਤ ਵਧੀਕ ਡਿਪਟੀ ਕਮਿਸਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਅੱਜ ਸੰਭਾਵਿਤ ਹੜ੍ਹਾਂ ਦੀ ਸੁਰੱਖਿਆ ਸਬੰਧੀ ਅਧਿਕਾਰੀਆਂ ਦੀ ਬੁਲਾਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤੀ।

ਸ. ਸੰਧੂ ਨੇ ਦੱਸਿਆ ਕਿ ਸੰਭਾਵੀ ਹੜ੍ਹਾਂ ਨੂੰ ਮੁੱਖ ਰੱਖਦਿਆਂ ਜ਼ਿਲ੍ਹਾ ਪੱਧਰ ਅਤੇ ਸਬ-ਡਵੀਜ਼ਨ ਪੱਧਰ 'ਤੇ ਹੜ੍ਹ ਕੰਟਰੋਲ ਰੂਮ ਸਥਾਪਿਤ ਕੀਤੇ ਜਾਣਗੇ ਅਤੇ ਸਬ-ਡਵੀਜ਼ਨ ਪੱਧਰ 'ਤੇ 1 ਜੁਲਾਈ ਤੋਂ 30 ਸਤੰਬਰ, 2016 ਤੱਕ ਕ੍ਰਮਚਾਰੀਆਂ ਦੀਆਂ ਡਿਊਟੀਆਂ ਲਗਾਈਆਂ ਜਾਣਗੀਆਂ। ਉਨ੍ਹਾਂ ਡਰੇਨੇਜ਼ ਵਿਭਾਗ ਦੇ ਅਧਿਕਾਰੀਆਂ ਨੂੰ ਰੇਤ ਦੇ ਲੋੜੀਂਦੇ ਬੈਗਜ਼ ਦੇ ਪ੍ਰਬੰਧ ਕਰਨ ਦੀ ਹਦਾਇਤ ਕੀਤੀ।ਉਨ੍ਹਾਂ ਤਹਿਸੀਲਦਾਰ ਧਰਮਕੋਟ ਨੂੰ ਉਪਲੱਬਧ ਕਿਸ਼ਤੀਆਂ/ਇੰਜਣਾਂ ਨੂੰ ਚੈਕ ਕਰਕੇ ਯੋਗ ਰਿਪੇਅਰ ਕਰਵਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਹੜ੍ਹ ਆਉਣ ਦੀ ਸੂਰਤ 'ਚ ਰਾਹਤ ਕੈਂਪਾਂ ਲਈ ਉਚਿਤ ਜਗ੍ਹਾ ਦੀ ਚੋਣ ਕਰ ਲਈ ਜਾਵੇ। ਉਨ੍ਹਾਂ ਖੁਰਾਕ ਤੇ ਸਪਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਖਾਣ-ਪੀਣ ਦੀਆਂ ਜ਼ਰੂਰੀ ਵਸਤਾਂ ਰਾਖਵੀਆਂ ਰੱਖਣ ਲਈ ਆਦੇਸ਼ ਦਿੱਤੇ।

ਵਧੀਕ ਡਿਪਟੀ ਕਮਿਸ਼ਨਰ ਨੇ ਸਿਵਲ ਸਰਜਨ ਮੋਗਾ ਨੂੰ ਹੜ੍ਹ ਪ੍ਰਭਾਵਿਤ ਪਿੰਡਾਂ ਦੀ ਸ਼ਨਾਖਤ ਕਰਕੇ ਮੈਡੀਕਲ ਸਹਾਇਤਾ ਟੀਮਾਂ ਗਠਿਤ ਕਰਨ ਅਤੇ ਲੋੜੀਂਦੀਆਂ ਦਵਾਈਆਂ ਦੇ ਪ੍ਰਬੰਧ ਕਰਨ ਲਈ ਹਦਾਇਤ ਕੀਤੀ। ਉਨ੍ਹਾਂ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਨੂੰ ਪਸ਼ੂਆਂ ਲਈ ਲੋੜੀਂਦੀਆਂ ਦਵਾਈਆਂ ਅਤੇ ਖੇਤੀਬਾੜੀ ਵਿਭਾਗ ਨਾਲ ਤਾਲਮੇਲ ਕਰਕੇ ਚਾਰੇ ਦੇ ਲੋੜੀਦੇ ਪ੍ਰਬੰਧ ਕਰਨ ਦੇ ਆਦੇਸ਼ ਦਿੱਤੇ। ਉਨ੍ਹਾਂ ਕਾਰਜਕਾਰੀ ਇੰਜਨੀਅਰ ਜਨ ਸਿਹਤ ਵਿਭਾਗ ਨੂੰ ਪੀਣ ਵਾਲੇ ਸਾਫ਼ ਪਾਣੀ ਦੇ ਪ੍ਰਬੰਧ ਕਰਨ ਲਈ ਕਿਹਾ। ਉਨ੍ਹਾਂ ਦੱਸਿਆ ਕਿ ਸਬੰਧਤ ਬਲਾਕ ਵਿਕਾਸ ਤੇ ਪੰਚਾਇਤ ਅਧਿਕਾਰੀਆਂ ਵੱਲੋਂ ਜ਼ਿਲ੍ਹਾ ਟਰਾਂਸਪੋਰਟ ਅਫ਼ਸਰ ਮੋਗਾ ਦੇ ਸਹਿਯੋਗ ਨਾਲ ਟਰਾਂਸਪੋਰਟ ਸਬੰਧੀ ਲੋੜੀਂਦੇ ਪ੍ਰਬੰਧ ਕੀਤੇ ਜਾਣਗੇ ਅਤੇ ਪੁਲਿਸ ਪ੍ਰਸ਼ਾਸ਼ਨ ਵੱਲੋਂ ਵਾਇਰਲੈਸ ਸੈਟ ਮੁਹੱਈਆ ਕਰਵਾਏ ਜਾਣਗੇ। ਉਨ੍ਹਾਂ ਪੁਲਿਸ ਵਿਭਾਗ ਦੇ ਸਹਿਯੋਗ ਨਾਲ ਸਮੂਹ ਉਪ ਮੰਡਲ ਮੈਜਿਸਟ੍ਰੇਟਾਂ ਨੂੰ ਗੋਤਾਖੋਰਾਂ ਦੀ ਸ਼ਨਾਖਤ ਕਰਕੇ ਸੂਚੀਆਂ ਤਿਆਰ ਕਰਨ ਲਈ ਵੀ ਕਿਹਾ ਅਤੇ ਕਿਹਾ ਕਿ ਜੇ.ਸੀ ਬੀ ਮਸ਼ੀਨਾਂ ਦੇ ਵੀ ਪ੍ਰਬੰਧ ਕੀਤੇ ਜਾਣ।ਉਨ੍ਹਾਂ ਕਿਹਾ ਕਿ ਸਬ-ਡਵੀਜ਼ਨ ਪੱਧਰ 'ਤੇ ਸਥਾਪਿਤ ਕੀਤੀਆਂ ਜਾਣ ਵਾਲੀਆਂ ਹੜ੍ਹ ਰਾਹਤ ਕਮੇਟੀਆਂ 'ਚ ਮਾਲ ਵਿਭਾਗ ਦੇ ਇੱਕ ਨੁਮਾਇੰਦੇ ਦੀ ਸ਼ਮੂਲੀਅਤ ਨੂੰ ਵੀ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਪੁਲਿਸ ਵਿਭਾਗ ਦੇ ਅਧਿਕਾਰੀਆਂ ਵੱਲੋਂ ਬੰਧ 'ਤੇ ਸਮੇਂ ਸਮੇਂ ਸਿਰ ਗਸ਼ਤ ਕੀਤੀ ਜਾਵੇ ਤਾਂ ਜੋ ਪਾਣੀ ਦੇ ਵਹਾਅ ਬਾਰੇ ਜਾਣਕਾਰੀ ਮਿਲ ਸਕੇ।

ਮੀਟਿੰਗ ਵਿੱਚ ਐਸ.ਡੀ.ਐਮ ਮੋਗਾ ਸੁਰਿੰਦਰ ਕੌਰ, ਐਸ.ਡੀ.ਐਮ ਧਰਮਕੋਟ ਜਸਪਾਲ ਸਿੰਘ ਗਿੱਲ, ਜ਼ਿਲ੍ਹਾ ਮਾਲ ਅਫ਼ਸਰ ਸਵਿਤਾ ਰਾਣੀ, ਜਿਲ੍ਹਾ ਸਿੱਖਿਆ ਅਫਸਰ (ਸੈਕੰਡਰੀ–) ਬਲਦੇਵ ਸਿੰਘ, ਜਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ) ਜਸਪਾਲ ਸਿੰਘ, ਮੁੱਖ ਖੇਤੀਬਾੜੀ ਅਫ਼ਸਰ ਸੁਖਦੇਵ ਸਿੰਘ ਬਰਾੜ, ਡਰੇਨੇਜ਼ ਵਿਭਾਗ ਦੇ ਅਧਿਕਾਰੀਆਂ ਤੋਂ ਇਲਾਵਾ ਡੀ.ਐਸ.ਪੀ ਧਰਮਕੋਟ ਗੁਰਮੇਲ ਸਿੰਘ, ਤਹਿਸੀਲਦਾਰ/ਨਾਇਬ-ਤਹਿਸੀਲਦਾਰ, ਐਨ.ਜੀ.ਓ ਐਸ.ਕੇ.ਬਾਂਸਲ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

--------------

ਨੰ: ਪੀ.ਆਰ(ਪ੍ਰੈ ਰੀ)2016/223





\

